# ਆਕਾਸ਼ਵਾਣੀ ਜਲੰਧਰ

# ਪ੍ਰਾਦੇਸ਼ਿਕ ਖਬਰਾਂ

## 18:20

**ਮਿਤੀ :31-08-2026**

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ NIFT ਦੇ ਵਿਦਿਆਰਥੀਆਂ ਨੂੰ ਦੇਸ਼ ਦੀ ਅਮੀਰ ਸੱਭਿਆਚਾਰਕ ਵਿਰਾਸਤ ਨਾਲ ਜੁੜੇ ਰਹਿੰਦੇ ਹੋਏ ਇੱਕ ਆਲਮੀ ਦ੍ਰਿਸ਼ਟੀਕੋਣ ਅਪਣਾਉਣ ਦਾ ਸੱਦਾ ਦਿੱਤਾ l
- ਕੇਂਦਰੀ ਰਾਜ ਮੰਤਰੀ ਡਾ. ਜਿਤੇਂਦਰ ਸਿੰਘ ਨੇ ਕਿਹਾ-ਗ੍ਰੀਨ ਫੋਰਜ ਦਾ ਆਰਟੀਫੀਸ਼ੀਅਲ ਇੰਟੈਲੀਜੈਂਸ ਨਾਲ ਏਕੀਕਰਨ, ਖੇਤੀਬਾੜੀ ਅਤੇ ਸਹਾਇਕ ਵਿਗਿਆਨਾਂ ਵਿੱਚ ਕਾਢਾ ਨੂੰ ਹੋਰ ਤੇਜ਼ ਕਰ ਸਕਦਾ ਏ।
- ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਹਰ ਬੱਚੇ ਨੂੰ ਦੇਖਭਾਲ, ਹਮਦਰਦੀ ਅਤੇ ਗੱਲਬਾਤ ਨਾਲ ਨਸ਼ਿਆਂ ਤੋਂ ਬਚਾਇਆ ਜਾ ਸਕਦਾ ਏ l
- ਪੰਜਾਬ ਸਰਕਾਰ ਵੱਲੋਂ 'ਮਿਸ਼ਨ ਕਲੀਨ ਪੰਜਾਬ' ਮੁਹਿੰਮ ਤਹਿਤ ਵੱਖ ਵੱਖ ਜ਼ਿਲਿਆਂ ਵਿਚ ਵਿਸ਼ੇਸ਼ ਸਫ਼ਾਈ ਮੁਹਿੰਮ ਜਾਰੀ ਏ।

- ਨੌਜਵਾਨਾਂ ਵਿੱਚ ਰਾਸ਼ਟਰਵਾਦ ਅਤੇ ਦੇਸ਼ ਪ੍ਰਤੀ ਜ਼ਿੰਮੇਵਾਰੀ ਦੀ ਭਾਵਨਾ ਨੂੰ ਮਜ਼ਬੂਤ ਕਰਨ ਹਿਤ, ਅੰਮ੍ਰਿਤਸਰ ਵਿੱਚ ਮਿਲਟਰੀ ਲਿਟਰੇਚਰ ਫੈਸਟੀਵਲ ਦਾ ਆਯੋਜਨ ਕੀਤਾ ਗਿਆ।

------------------------------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕਿਹਾ ਕਿ ਕੱਪੜਾ ਖੇਤਰ ਨਾ ਸਿਰਫ਼ ਭਾਰਤ ਦੀ ਸੱਭਿਆਚਾਰਕ ਵਿਰਾਸਤ ਦਾ ਇੱਕ ਮਹੱਤਵਪੂਰਨ ਹਿੱਸਾ ਏ ਸਗੋਂ ਲੱਖਾਂ ਲੋਕਾਂ ਨੂੰ ਰੁਜ਼ਗਾਰ ਅਤੇ ਰੋਜ਼ੀ-ਰੋਟੀ ਵੀ ਪ੍ਰਦਾਨ ਕਰਦਾ ਏ। ਰਾਸ਼ਟਰੀ ਫੈਸ਼ਨ ਟੈਕਨਾਲੋਜੀ ਸੰਸਥਾਨ (NIFT) ਦੇ ਕਨਵੋਕੇਸ਼ਨ ਸਮਾਰੋਹ ਨੂੰ ਸੰਬੋਧਨ ਕਰਦੇ ਹੋਏ, ਰਾਸ਼ਟਰਪਤੀ ਨੇ ਵਿਦਿਆਰਥੀਆਂ ਨੂੰ ਦੇਸ਼ ਦੀ ਅਮੀਰ ਸੱਭਿਆਚਾਰਕ ਵਿਰਾਸਤ ਅਤੇ ਕਦਰਾਂ-ਕੀਮਤਾਂ ਨਾਲ ਜੁੜੇ ਰਹਿੰਦੇ ਹੋਏ ਇੱਕ ਵਿਸ਼ਵ-ਵਿਆਪੀ ਦ੍ਰਿਸ਼ਟੀਕੋਣ ਅਪਣਾਉਣ ਦੀ ਅਪੀਲ ਕੀਤੀ। ਰਾਸ਼ਟਰਪਤੀ ਮੁਰਮੂ ਨੇ ਕਿਹਾ ਕਿ ਫੈਸ਼ਨ ਅਤੇ ਕਪੜਾ ਸਨਅਤ ਤਕਨਾਲੋਜੀ ਦੇ ਖੇਤਰ ਵਿੱਚ ਭਾਰਤ ਦੀ ਆਲਮੀ ਮੌਜੂਦਗੀ ਨੂੰ ਵਧਾਉਣ ਲਈ ਅਥਾਹ ਸੰਭਾਵਨਾਵਾਂ ਨੇ। BYTE:RNU310826 ਨੌਜਵਾਨਾਂ ਨੂੰ 2047 ਤੱਕ ਇੱਕ ਵਿਕਸਤ ਭਾਰਤ ਦੇ ਦ੍ਰਿਸ਼ਟੀਕੋਣ ਵਿੱਚ ਯੋਗਦਾਨ ਪਾਉਣ ਦਾ ਸੱਦਾ ਦਿੰਦੇ ਹੋਏ, ਰਾਸ਼ਟਰਪਤੀ ਨੇ ਜ਼ੋਰ ਦਿੱਤਾ ਕਿ ਵਿਦਿਆਰਥੀਆਂ ਨੂੰ ਨੌਕਰੀ ਦੇਣ ਵਾਲੇ ਬਣਨਾ ਚਾਹੀਦਾ ਏ।

------------------------------------------------------------------------

ਵਿਗਿਆਨ ਅਤੇ ਤਕਨਾਲੋਜੀ ਮੰਤਰਾਲੇ ਅਤੇ ਧਰਤੀ ਵਿਗਿਆਨ ਮੰਤਰਾਲੇ ਬਾਰੇ ਕੇਂਦਰੀ ਰਾਜ ਮੰਤਰੀ ਡਾ. ਜਿਤੇਂਦਰ ਸਿੰਘ ਨੇ ਕਿਹਾ ਕਿ

ਉੱਨਤ ਖੇਤੀਬਾੜੀ ਖੋਜ ਲਈ ਰੌਸ਼ਨੀ, ਨਮੀ ਅਤੇ ਤਾਪਮਾਨ ਦੀਆਂ ਸਹੀ ਢੰਗ ਨਾਲ ਨਿਯੰਤਰਿਤ ਵਾਤਾਵਰਣਕ ਸਥਿਤੀਆਂ ਨੂੰ ਮੁੜ ਬਣਾਉਣ ਲਈ ਵਾਤਾਵਰਣ-ਅਨੁਕੂਲ ਹੱਲ - ਗ੍ਰੀਨ ਫੋਰਜ - ਬਣਾਉਣ ਵਿੱਚ ਬਹੁਤ ਸੰਭਾਵਨਾ ਏ । ਉਨ੍ਹਾਂ ਕਿਹਾ ਕਿ ਗ੍ਰੀਨ ਫੋਰਜ ਦਾ ਆਰਟੀਫੀਸ਼ੀਅਲ ਇੰਟੈਲੀਜੈਂਸ ਨਾਲ ਏਕੀਕਰਨ ਖੇਤੀਬਾੜੀ ਅਤੇ ਸਹਾਇਕ ਵਿਗਿਆਨਾਂ ਵਿੱਚ ਨਵੀਨਤਾ ਨੂੰ ਹੋਰ ਤੇਜ਼ ਕਰ ਸਕਦਾ ਏ । ਅੱਜ ਮੋਹਾਲੀ ਵਿਖੇ ਬਾਇਓ-ਟੈਕਨਾਲੋਜੀ ਖੋਜ ਅਤੇ ਨਵੀਨਤਾ ਪ੍ਰੀਸ਼ਦ-ਨੈਸ਼ਨਲ ਐਗਰੀ-ਫੂਡ ਬਾਇਓ-ਟੈਕਨਾਲੋਜੀ ਇੰਸਟੀਚਿਊਟ (BRIC-NABI) ਵਿਖੇ "ਬਾਇਓਈ3 (ਅਰਥਵਿਵਸਥਾ, ਵਾਤਾਵਰਣ ਅਤੇ ਰੁਜ਼ਗਾਰ ਲਈ ਬਾਇਓਟੈਕਨਾਲੋਜੀ): ਉਦਯੋਗ-ਤਿਆਰ ਬਾਇਓ-ਮੈਨੂਫੈਕਚਰਿੰਗ ਲਈ ਸਕੇਲ ਨੂੰ ਸਮਰੱਥ ਬਣਾਉਣਾ" ਵਿਸ਼ੇ 'ਤੇ ਇੱਕ ਰਾਸ਼ਟਰੀ ਸੰਮੇਲਨ ਨੂੰ ਸੰਬੋਧਨ ਕਰਦਿਆਂ, ਉਨ੍ਹਾਂ ਨੇ ਸੰਸਥਾਵਾਂ ਨੂੰ ਰਾਸ਼ਟਰੀ ਸੰਮੇਲਨ ਦੀ ਮੇਜ਼ਬਾਨੀ ਕਰਨ ਲਈ ਵਧਾਈ ਦਿੱਤੀ ਅਤੇ ਵਿਸ਼ਵਾਸ ਪ੍ਰਗਟ ਕੀਤਾ ਕਿ ਸੰਸਥਾ ਭਾਰਤ ਦੀ ਬਾਇਓਟੈਕਨਾਲੋਜੀ ਕ੍ਰਾਂਤੀ ਦੇ ਇੱਕ ਮਸ਼ਾਲ ਵਜੋਂ ਉਭਰੇਗੀ। ਸਹਿਯੋਗ ਦੀ ਮਹੱਤਤਾ 'ਤੇ ਜ਼ੋਰ ਦਿੰਦੇ ਹੋਏ, ਮੰਤਰੀ ਨੇ ਖੇਤਰ ਦੇ ਪ੍ਰਮੁੱਖ ਸੰਸਥਾਨਾਂ, ਜਿਨ੍ਹਾਂ ਵਿੱਚ BRIC-NABI, PGIMER, ਪੰਜਾਬ ਯੂਨੀਵਰਸਿਟੀ, ਪੰਜਾਬ ਖੇਤੀਬਾੜੀ ਯੂਨੀਵਰਸਿਟੀ ਅਤੇ ਕੁਝ ਹੋਰ ਸੰਸਥਾਵਾਂ ਸ਼ਾਮਲ ਨੇ ਨੂੰ ਜੋੜ ਕੇ 'ਚੰਡੀਗੜ੍ਹ-ਮੁਹਾਲੀ ਵਿਗਿਆਨ ਅਤੇ ਨਵੀਨਤਾ ਕਲੱਸਟਰ' ਦੇ ਵਿਕਾਸ ਦੀ ਤਜਵੀਜ਼  ਰੱਖਿਆ। ਉਨ੍ਹਾਂ ਕਿਹਾ

ਕਿ ਅਜਿਹਾ ਕਲੱਸਟਰ ਮੁਹਾਰਤ ਅਤੇ ਬੁਨਿਆਦੀ ਢਾਂਚੇ ਨੂੰ ਸਾਂਝਾ ਕਰਨ, ਸੰਯੁਕਤ ਖੋਜ ਨੂੰ ਉਤਸ਼ਾਹਿਤ ਕਰਨ ਅਤੇ ਖੇਤਰ ਦੇ ਬਾਇਓ-ਟੈਕਨਾਲੋਜੀ ਅਤੇ ਨਵੀਨਤਾ ਈਕੋਸਿਸਟਮ ਨੂੰ ਮਜ਼ਬੂਤ ਕਰਨ ਵਿੱਚ ਸਹਾਇਤਾ ਕਰ ਸਕਦਾ ਏ । ਇਸ ਸੰਮੇਲਨ ਨੂੰ ਬਾਇਓ-ਟੈਕਨਾਲੋਜੀ ਵਿਭਾਗ (DBT) ਦੇ ਸਕੱਤਰ, ਬਾਇਓਟੈਕਨਾਲੋਜੀ ਖੋਜ ਅਤੇ ਨਵੀਨਤਾ ਪ੍ਰੀਸ਼ਦ (BRIC) ਦੇ ਡਾਇਰੈਕਟਰ ਜਨਰਲ, ਅਤੇ ਬਾਇਓ-ਟੈਕਨਾਲੋਜੀ ਉਦਯੋਗ ਖੋਜ ਸਹਾਇਤਾ ਪ੍ਰੀਸ਼ਦ (BIRAC) ਦੇ ਚੇਅਰਮੈਨ ਨੇ ਵੀ ਸੰਬੋਧਨ ਕੀਤਾ।

---------------------------------------------------------------------------

ਪੰਜਾਬ ਨੌਜਵਾਨਾਂ ਨੂੰ ਨਸ਼ਿਆਂ ਦੀ ਕਦੇ-ਕਦਾਈਂ ਜਾਂ ਪ੍ਰਯੋਗ ਵਜੋਂ ਕੀਤੀ ਜਾਣ ਵਾਲੀ ਵਰਤੋਂ ਦੀ ਆਦਤ ਨੂੰ ਬਦਲਣ ਤੋਂ ਪਹਿਲਾਂ ਮਦਦ ਪ੍ਰਦਾਨ ਕਰਨ ਲਈ ਕੰਮ ਕਰ ਰਿਹਾ ਏ । ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਹਰ ਬੱਚੇ ਨੂੰ ਦੇਖਭਾਲ, ਹਮਦਰਦੀ ਅਤੇ ਗੱਲਬਾਤ ਨਾਲ ਨਸ਼ਿਆਂ ਤੋਂ ਬਚਾਇਆ ਜਾ ਸਕਦਾ ਏ । ਉਨ੍ਹਾਂ ਕਿਹਾ ਕਿ ਪਰਿਵਾਰਾਂ, ਦੇਖਭਾਲ ਕਰਨ ਵਾਲਿਆਂ ਅਤੇ ਸਮਾਜ ਦੇ ਤੌਰ 'ਤੇ, ਸਾਨੂੰ ਆਪਣੇ ਬੱਚਿਆਂ ਨੂੰ ਸੁਣਨ ਲਈ ਆਪਣੀਆਂ ਅੱਖਾਂ, ਕੰਨ ਅਤੇ ਦਿਲ ਖੁੱਲ੍ਹੇ ਰੱਖਣੇ ਚਾਹੀਦੇ ਨੇ ਤਾਂ ਜੋ ਉਨ੍ਹਾਂ ਨਾਲ ਦੋਸਤਾਨਾ ਢੰਗ ਨਾਲ ਗੱਲ ਕਰਕੇ, ਉਨ੍ਹਾਂ ਦੀਆਂ ਸਮੱਸਿਆਵਾਂ ਦਾ ਹੱਲ ਕੀਤਾ ਜਾ ਸਕੇ। ਸੂਬੇ ਵਿੱਚ ਨਸ਼ਿਆਂ ਦੀ ਦੁਰਵਰਤੋਂ ਦੀ ਮੌਜੂਦਾ ਸਥਿਤੀ ਦੇ ਕਾਰਨ

ਨੌਜਵਾਨਾਂ ਨੂੰ ਮਦਦ ਪ੍ਰਦਾਨ ਕਰਨ ਬਾਰੇ ਜਿਸ ਲਈ ਸਰਕਾਰ ਦੀ 'ਯੁੱਧ ਨਸ਼ਿਆ ਵਿਰੁੱਧ' ਮੁਹਿੰਮ ਪਿਛਲੇ ਕਈ ਮਹੀਨਿਆਂ ਤੋਂ ਚੱਲ ਰਹੀ ਏ ਬਾਰੇ ਬੋਲਦਿਆਂ, ਡਾ. ਬਲਬੀਰ ਨੇ ਕਿਹਾ ਕਿ ਹੁਣ ਮੁਹਿੰਮ ਦਾ ਧਿਆਨ ਨਸ਼ਿਆਂ ਦੀ ਸਪਲਾਈ ਨੂੰ ਰੋਕਣ ਤੋਂ ਲੈ ਕੇ ਕਮਜ਼ੋਰੀ ਨੂੰ ਜਲਦੀ ਫੜਨ ਤੱਕ ਵੀ ਏ। ਉਨ੍ਹਾਂ ਮਾਪਿਆਂ ਨੂੰ ਸੁਝਾਅ ਦਿੱਤਾ ਕਿ ਜੇਕਰ ਉਹ, ਆਪਣੇ ਬੱਚੇ ਦੇ ਵਿਵਹਾਰ ਵਿੱਚ ਤਬਦੀਲੀ ਕਾਰਨ ਚਿੰਤਤ ਨੇ ਅਤੇ ਬਿਲਕੁਲ ਨਹੀਂ ਜਾਣਦੇ ਕਿ ਕੀ ਕਰਨਾ ਏ ਤਾਂ ਉਹ ਗੁਪਤ, ਮਾਹਰ ਮਾਰਗ-ਦਰਸ਼ਨ ਲਈ 1800-89-14416 'ਤੇ ਟੈਲੀ-ਮਾਨਸ ਹੈਲਪਲਾਈਨ ਨਾਲ ਸੰਪਰਕ ਕਰ ਸਕਦੇ ਨੇ।

---------------------------------------------------------------------------

ਪੰਜਾਬ ਸਰਕਾਰ ਵੱਲੋਂ ਸੂਬੇ ਦੇ ਸ਼ਹਿਰਾਂ ਅਤੇ ਕਸਬਿਆਂ ਨੂੰ ਸਾਫ਼-ਸੁਥਰਾ ਬਣਾਉਣ ਦੇ ਉਦੇਸ਼ ਨਾਲ ਸ਼ੁਰੂ ਕੀਤੀ 'ਮਿਸ਼ਨ ਕਲੀਨ ਪੰਜਾਬ' ਮੁਹਿੰਮ ਤਹਿਤ ਵੱਖ ਵੱਖ ਜ਼ਿਲਿਆਂ ਵਿਚ ਵਿਸ਼ੇਸ਼ ਸਫ਼ਾਈ ਮੁਹਿੰਮ ਜਾਰੀ ਏ। ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਵੱਲੋਂ, ਵਿਧਾਨ ਸਭਾ ਹਲਕਾ ਸਾਹਨੇਵਾਲ ਅਧੀਨ ਮੂੰਡੀਆਂ ਕਲਾਂ ਤੋਂ ਸਫਾਈ ਮੁਹਿੰਮ ਦਾ ਆਗਾਜ਼ ਕੀਤਾ ਗਿਆ। ਕੈਬਨਿਟ ਮੰਤਰੀ ਅਤੇ ਵੱਖ-ਵੱਖ ਵਿਧਾਇਕਾਂ ਨੇ ਸਫਾਈ ਅਭਿਆਨ ਦੌਰਾਨ, ਖੁਦ ਸਫ਼ਾਈ ਕਾਰਜਾਂ ਵਿੱਚ ਹਿੱਸਾ ਲੈ ਕੇ ਸਵੱਛਤਾ ਪ੍ਰਤੀ ਜਾਗਰੂਕਤਾ ਦਾ ਸੰਦੇਸ਼ ਦਿੰਦਿਆਂ ਕਿਹਾ ਕਿਹਾ ਕਿ ਸਾਡਾ ਆਲਾ-ਦੁਆਲਾ ਸਾਫ਼-ਸੁਥਰਾ ਤੇ ਸੁੰਦਰ ਬਣਾਉਣਾ ਸਾਡੀ ਸਾਂਝੀ ਜ਼ਿੰਮੇਵਾਰੀ ਏ।

ਇਸੇ ਤਹਿਤ ਮਾਨਸਾ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਨਗਰ ਕੌਂਸਲ ਦੇ ਦਾਇਰੇ ਅਧੀਨ ਆਉਂਦੇ ਵੱਖ-ਵੱਖ ਵਾਰਡਾਂ ਵਿੱਚ ਸ਼ਹਿਰ ਵਾਸੀਆਂ ਨੂੰ ਸਾਫ਼-ਸੁਥਰਾ ਵਾਤਾਵਰਨ ਮੁਹੱਈਆ ਕਰਵਾਉਣ ਦੇ ਉਦੇਸ਼ ਨਾਲ ਵਿੱਢੀ ਗਈ 'ਮਿਸ਼ਨ ਕਲੀਨ ਪੰਜਾਬ' ਮੁਹਿੰਮ ਦੇ ਸਾਰਥਕ ਨਤੀਜੇ ਸਾਹਮਣੇ ਆ ਰਹੇ ਨੇ । ਵਿਧਾਇਕ ਡਾ. ਵਿਜੈ ਸਿੰਗਲਾ ਨੇ ਖ਼ੁਦ ਸਫ਼ਾਈ ਅਭਿਆਨ ਦੀ ਅਗਵਾਈ ਕੀਤੀ ਅਤੇ ਵਾਰਡਾਂ ਦਾ ਜਾਇਜ਼ਾ ਲਿਆ। ਓਧਰ ਨਗਰ ਕੌਂਸਲ ਫਿਰੋਜ਼ਪੁਰ ਵੱਲੋਂ ਵੀ ਬਗਦਾਦੀ ਗੇਟ ਤੋਂ ਲੈ ਕੇ ਸਰਕਲੁਰ ਰੋਡ ਭਗਵਾਨ ਵਾਲਮੀਕ ਚੌਂਕ ਤੱਕ ਦੀ ਸਫਾਈ ਕਰਵਾਈ ਗਈ

-----------------------------------------------------------------

ਨੌਜਵਾਨਾਂ ਵਿੱਚ ਰਾਸ਼ਟਰਵਾਦ ਅਤੇ ਦੇਸ਼ ਪ੍ਰਤੀ ਜ਼ਿੰਮੇਵਾਰੀ ਦੀ ਭਾਵਨਾ ਨੂੰ ਮਜ਼ਬੂਤ ਕਰਨ ਹਿਤ ਅੰਮ੍ਰਿਤਸਰ ਵਿੱਚ ਮਿਲਟਰੀ ਲਿਟਰੇਚਰ ਫੈਸਟੀਵਲ ਦਾ ਆਯੋਜਨ ਕੀਤਾ ਗਿਆ। ਫੈਸਟੀਵਲ ਦੌਰਾਨ ਸੇਵਾਮੁਕਤ ਲੈਫਟੀਨੈਂਟ ਜਨਰਲ ਟੀ.ਐਸ. ਸ਼ੇਰਗਿੱਲ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਅੰਮ੍ਰਿਤਸਰ ਵਿੱਚ ਮਿਲਟਰੀ ਲਿਟਰੇਚਰ ਫੈਸਟੀਵਲ ਕਰਵਾਉਣ ਦਾ ਮਕਸਦ ਸਿਰਫ਼ ਫੌਜੀ ਇਤਿਹਾਸ ਅਤੇ ਸਾਹਿਤ ਨੂੰ ਲੋਕਾਂ ਤੱਕ ਪਹੁੰਚਾਉਣਾ ਨਹੀਂ, ਸਗੋਂ ਨੌਜਵਾਨਾਂ ਵਿੱਚ ਰਾਸ਼ਟਰਵਾਦ ਅਤੇ ਦੇਸ਼ ਪ੍ਰਤੀ ਜ਼ਿੰਮੇਵਾਰੀ ਦੀ ਭਾਵਨਾ ਨੂੰ ਮਜ਼ਬੂਤ ਕਰਨਾ ਵੀ ਏ । ਊਨਾ ਦਸਿਆ ਕਿ ਮਿਲਟਰੀ ਲਿਟਰੇਚਰ ਫੈਸਟੀਵਲ

ਰਾਹੀਂ ਨੌਜਵਾਨਾਂ ਨੂੰ ਫੌਜ ਦੀਆਂ ਉਨ੍ਹਾਂ ਸਕਾਰਾਤਮਕ ਰਿਵਾਇਤਾਂ ਤੇ ਕਦਰਾਂ-ਕੀਮਤਾਂ ਨਾਲ ਜਾਣੂ ਕਰਵਾਉਣ ਦਾ ਯਤਨ ਕੀਤਾ ਜਾ ਰਿਹਾ ਏ , ਜੋ ਦੇਸ਼ ਨੂੰ ਇਕਜੁੱਟ ਰੱਖਣ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਨੇ ।

BYTE

---------------------------------------------------------------------------

ਤਰਨ ਤਾਰਨ ਜ਼ਿਲ੍ਹਾ ਪ੍ਰਸ਼ਾਸਨ ਅਤੇ ਖੇਡ ਵਿਭਾਗ ਤਰਨ ਤਾਰਨ ਵਲੋਂ ,ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ 'ਰਨ ਫਾਰ ਇਕੁਐਲਿਟੀ' 5 ਕਿਲੋਮੀਟਰ ਮੈਰਾਥਨ ਕਰਵਾਈ ਗਈ। ਇਸ ਮੌਕੇ ਵਿਦਿਆਰਥੀਆਂ, ਖਿਡਾਰੀਆਂ ਅਤੇ ਇਲਾਕਾ ਵਾਸੀਆਂ ਨੇ ਉਤਸ਼ਾਹ ਨਾਲ ਹਿੱਸਾ ਲੈਂਦਿਆਂ ਸਮਾਜ ਵਿੱਚ ਬਰਾਬਰੀ, ਏਕਤਾ ਅਤੇ ਭਾਈਚਾਰਕ ਸਾਂਝ ਦਾ ਸੰਦੇਸ਼ ਦਿੱਤਾ। ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਭੁਪਿੰਦਰ ਸਿੰਘ ਖੇੜਾ ਨੇ ਦੱਸਿਆ ਕਿ ਸ੍ਰੀ ਗੁਰੂ ਰਵਿਦਾਸ ਜੀ ਨੇ ਸਮੁੱਚੀ ਮਨੁੱਖਤਾ ਨੂੰ ਬਰਾਬਰੀ ਅਤੇ ਭਾਈਚਾਰੇ ਦਾ ਸੰਦੇਸ਼ ਦਿੱਤਾ। ਉਨ੍ਹਾਂ ਕਿਹਾ ਕਿ ਅਜਿਹੇ ਸਮਾਗਮ ਨੌਜਵਾਨ ਪੀੜ੍ਹੀ ਨੂੰ ਗੁਰੂ ਸਾਹਿਬ ਦੇ ਵਿਚਾਰਾਂ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਨੇ । ਉਪ ਜ਼ਿਲ੍ਹਾ ਸਿੱਖਿਆ ਅਫਸਰ ਰਜਿੰਦਰ ਕੌਰ ਨੇ ਕਿਹਾ ਕਿ ਮੈਰਾਥਨ ਰਾਹੀਂ, ਵਿਦਿਆਰਥੀਆਂ ਵਿੱਚ ਬਰਾਬਰੀ ਅਤੇ ਭਾਈਚਾਰਕ ਸਾਂਝ ਦਾ ਸੰਦੇਸ਼ ਪਹੁੰਚਾਇਆ ਗਿਆ ਏ । ਉਨ੍ਹਾਂ ਵਿਦਿਆਰਥੀਆਂ ਨੂੰ ਆਪਣੀ ਸਿਹਤ ਪ੍ਰਤੀ ਜਾਗਰੂਕ ਰਹਿਣ ਅਤੇ ਖੇਡਾਂ ਨਾਲ ਜੁੜਨ ਲਈ ਪ੍ਰੇਰਿਤ ਕੀਤਾ। ਇਸ ਦੇ ਨਾਲ ਹੀ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿ ਕੇ ਤੰਦਰੁਸਤ

ਅਤੇ ਨਸ਼ਾ ਮੁਕਤ ਜੀਵਨ ਬਤੀਤ ਕਰਨ ਦਾ ਸੰਦੇਸ਼ ਵੀ ਦਿੱਤਾ ਗਿਆ। ਮੈਰਾਥਨ ਵਿੱਚ ਸ਼ਾਮਲ ਹੋਏ ਭਾਗੀਦਾਰਾਂ ਨੇ ਵੀ ਸਿਹਤਮੰਦ ਜੀਵਨ ਅਤੇ ਨਸ਼ਿਆਂ ਤੋਂ ਦੂਰ ਰਹਿਣ ਦਾ ਸੰਕਲਪ ਲਿਆ।
PTC-ਅਮਿਤ ਮਰਵਾਹਾ

-----------------------------------------------------------------

ਮੀਰੀ ਪੀਰੀ ਦਿਵਸ ਨੂੰ ਸਮਰਪਿਤ ਸ਼੍ਰੀ ਅਕਾਲ ਤਖਤ ਸਾਹਿਬ ਤੋਂ ਆਰੰਭ ਹੋਏ ਮੀਰੀ-ਪੀਰੀ ਖਾਲਸਾ ਮਾਰਚ ਅੱਜ ਸ਼ਹੀਦਾਂ ਦੇ ਪਵਿੱਤਰ ਅਸਥਾਨ ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਤੋਂ ਜੈਕਾਰਿਆਂ ਨਾਲ ਆਰੰਭ ਹੋਇਆ । ਇਸ ਮੌਕੇ ਸ਼੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗ਼ਜ ਵੱਲੋਂ ਆਰੰਭਤਾ ਅਰਦਾਸ ਕੀਤੀ ਗਈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਮੁੱਖ ਵਿਦਿਅਕ ਅਦਾਰਿਆਂ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਫਤਿਹਗੜ੍ਹ ਸਾਹਿਬ ਸਮੇਤ ਵੱਡੀ ਗਿਣਤੀ ਵਿੱਚ ਸੰਗਤਾਂ ਵੱਲੋਂ ਪਾਲਕੀ ਸਾਹਿਬ ਦਾ ਫੁੱਲਾਂ ਦੀ ਵਰਖਾ ਕਰਕੇ ਸਵਾਗਤ ਕੀਤਾ ਗਿਆ।
PN
-----------------------------------------------------------------
ਪੰਜਾਬ ਸਰਕਾਰ ਵਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650 ਸਾਲਾ ਪ੍ਰਕਾਸ਼ ਪੁਰਬ ਦੇ ਸਬੰਧ ਵਿਚ ਜ਼ਿਲ੍ਹਾ ਬਠਿੰਡਾ ਦੇ ਵਿਧਾਨ ਸਭਾ ਹਲਕਾ ਤਲਵੰਡੀ ਸਾਬੋ ਵਿਚ ਵਿਸ਼ੇਸ਼ ਡਰੋਨ ਸ਼ੋਅ ਕਰਵਾਏ ਜਾ ਰਹੇ ਨੇ ।

ਇਸ ਲੜੀ ਤਹਿਤ ਕੱਲ ਪਹਿਲੀ ਸਤੰਬਰ ਨੂੰ ਸ਼ਾਮ ਸਾਢੇ 5 ਵਜੇ ਸ੍ਰੀ ਦਸ਼ਮੇਸ਼ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਵਿਖੇ ਹੋਣ ਵਾਲੇ ਡਰੋਨ ਸ਼ੋਅ ਬਾਰੇ ਤਲਵੰਡੀ ਸਾਬੋ ਦੇ ਉਪ ਮੰਡਲ ਮੈਜਿਸਟ੍ਰੇਟ ਵੀਰਪਾਲ ਕੌਰ ਨੇ ਦੱਸਿਆ ਕਿ ਲਗਭਗ 500 ਡਰੋਨ ਇਕੋ ਸਮੇਂ ਅਸਮਾਨ ਵਿਚ ਉੱਡ ਕੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੀਵਨ, ਬਾਣੀ ਅਤੇ ਮਹਾਨ ਸਿੱਖਿਆਵਾਂ ਉਤੇ ਅਧਾਰਤ ਪੇਸ਼ਕਾਰੀ ਦੇਣਗੇ। ਉਨ੍ਹਾਂ ਪੁਲਿਸ ਅਧਿਕਾਰੀਆਂ ਨੂੰ ਸੁਰੱਖਿਆ, ਆਵਾਜਾਈ ਪ੍ਰਬੰਧਾਂ ਅਤੇ ਪਾਰਕਿੰਗ ਵਿਵਸਥਾ ਯਕੀਨੀ ਬਣਾਉਣ ਦੀ ਹਦਾਇਤ ਕੀਤੀ। ਉਨ੍ਹਾਂ ਨੇ ਸ਼ੋਅ ਦੇਖਣ ਲਈ ਆਉਣ ਵਾਲੇ ਲੋਕਾਂ ਲਈ ਪੀਣ ਵਾਲੇ ਸਾਫ ਪਾਣੀ ਦਾ ਪ੍ਰਬੰਧ, ਬੈਠਣ ਵਿਵਸਥਾ, ਸਕੂਲ ਦੇ ਗਰਾਊਂਡ ਦੀ ਸਾਫ ਸਫਾਈ, ਬਿਜਲੀ ਦੀ ਨਿਰਵਿਘਨ ਸਪਲਾਈ ਦੇ ਨਿਰਦੇਸ਼ ਵੀ ਦਿੱਤੇ। ਉਨ੍ਹਾਂ ਇਲਾਕਾ ਵਾਸੀਆਂ ਨੂੰ ਆਪਣੇ ਪਰਿਵਾਰਾਂ ਅਤੇ ਬੱਚਿਆਂ ਸਮੇਤ ਇਸ ਡਰੋਨ ਸ਼ੋਅ ਦਾ ਅਨੰਦ ਮਾਨਣ ਦੀ ਅਪੀਲ ਕੀਤੀ ।

---

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ NIFT ਦੇ ਵਿਦਿਆਰਥੀਆਂ ਨੂੰ ਦੇਸ਼ ਦੀ ਅਮੀਰ ਸੱਭਿਆਚਾਰਕ ਵਿਰਾਸਤ ਨਾਲ ਜੁੜੇ ਰਹਿੰਦੇ ਹੋਏ ਇੱਕ ਆਲਮੀ ਦ੍ਰਿਸ਼ਟੀਕੋਣ ਅਪਣਾਉਣ ਦਾ ਸੱਦਾ ਦਿੱਤਾ।
- ਕੇਂਦਰੀ ਰਾਜ ਮੰਤਰੀ ਡਾ. ਜਿਤੇਂਦਰ ਸਿੰਘ ਨੇ ਕਿਹਾ-ਗ੍ਰੀਨ ਫੋਰਜ ਦਾ ਆਰਟੀਫੀਸ਼ੀਅਲ ਇੰਟੈਲੀਜੈਂਸ ਨਾਲ

ਏਕੀਕਰਨ, ਖੇਤੀਬਾੜੀ ਅਤੇ ਸਹਾਇਕ ਵਿਗਿਆਨਾਂ ਵਿੱਚ ਨ ਕਾਢਾ ਨੂੰ ਹੋਰ ਤੇਜ਼ ਕਰ ਸਕਦਾ ਏ।

- ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਹਰ ਬੱਚੇ ਨੂੰ ਦੇਖਭਾਲ, ਹਮਦਰਦੀ ਅਤੇ ਗੱਲਬਾਤ ਨਾਲ ਨਸ਼ਿਆਂ ਤੋਂ ਬਚਾਇਆ ਜਾ ਸਕਦਾ ਏ।
- ਪੰਜਾਬ ਸਰਕਾਰ ਵੱਲੋਂ 'ਮਿਸ਼ਨ ਕਲੀਨ ਪੰਜਾਬ' ਮੁਹਿੰਮ ਤਹਿਤ ਵੱਖ ਵੱਖ ਜ਼ਿਲਿਆਂ ਵਿਚ ਵਿਸ਼ੇਸ਼ ਸਫ਼ਾਈ ਮੁਹਿੰਮ ਜਾਰੀ ਏ।
- ਨੌਜਵਾਨਾਂ ਵਿੱਚ ਰਾਸ਼ਟਰਵਾਦ ਅਤੇ ਦੇਸ਼ ਪ੍ਰਤੀ ਜ਼ਿੰਮੇਵਾਰੀ ਦੀ ਭਾਵਨਾ ਨੂੰ ਮਜ਼ਬੂਤ ਕਰਨ ਹਿਤ, ਅੰਮ੍ਰਿਤਸਰ ਵਿੱਚ ਮਿਲਟਰੀ ਲਿਟਰੇਚਰ ਫੈਸਟੀਵਲ ਦਾ ਆਯੋਜਨ ਕੀਤਾ ਗਿਆ।

ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅ ਗਲਾ ਬੁਲੇਟਿਨ ਤੁਸੀਂ ਸੁਣੋਗ 7.30 ਨਮਸਕਾਰ